ਆਸਾ ਮਹਲਾ ੩ ॥ ਅੰਮ੍ਰਿਤੁ ਜਿਨ੍ਹਾ ਚਖਾਇਓਨੁ ਰਸੁ ਆਇਆ ਸਹਜਿ ਸੁਭਾਇ ॥ ਸਚਾ ਵੇਪਰਵਾਹੁ ਹੈ ਤਿਸ ਨੋ ਤਿਲੁ ਨ ਤਮਾਇ ॥ ੧॥ ਅੰਮ੍ਰਿਤੁ ਸਚਾ ਵਰਸਦਾ ਗੁਰਮੁਖਾ ਮੁਖਿ ਪਾਇ ॥ ਮਨੁ ਸਦਾ ਹਰੀਆਵਲਾ ਸਹਜੇ ਹਰਿ ਗੁਣ ਗਾਇ ॥ ੧॥ ਰਹਾਉ ॥ ਮਨਮੁਖਿ ਸਦਾ ਦੋਹਾਗਣੀ ਦਰਿ ਖੜੀਆ ਬਿਲਲਾਹਿ ॥ ਜਿਨ੍ਹਾ ਪਿਰ ਕਾ ਸੁਆਦੁ ਨ ਆਇਓ ਜੋ ਧੁਰਿ ਲਿਖਿਆ ਸੁੋ ਕਮਾਹਿ ॥ ੨॥ ਗੁਰਮੁਖਿ ਬੀਜੇ ਸਚੁ ਜਮੈ ਸਚੁ ਨਾਮੁ ਵਾਪਾਰੁ ॥ ਜੋ ਇਤੁ ਲਾਹੈ ਲਾਇਅਨੁ ਭਗਤੀ ਦੇਇ ਭੰਡਾਰ ॥੩॥ ਗੁਰਮੁਖਿ ਸਦਾ ਸੋਹਾਗਣੀ ਭੈ ਭਗਤਿ ਸੀਗਾਰਿ ॥ ਅਨਦਿ ਨੁ ਰਾਵਹਿ ਪਿਰੁ ਆਪਣਾ ਸਚੁ ਰਖਹਿ ਉਰ ਧਾਰਿ ॥੪॥ ਜਿਨ੍ਹਾ ਪਿਰੁ ਰਾਵਿਆ ਆਪਣਾ ਤਿਨ੍ਹਾ ਵਿਟਹੁ ਬਲਿ ਜਾਉ ॥ ਸਦਾ ਪਿਰ ਕੈ ਸੰਗਿ ਰਹਹਿ ਵਿਚਹੁ ਆਪੁ ਗਵਾਇ ॥੫॥ ਤਨੁ ਮਨੁ ਸੀਤਲੁ ਮੁਖ ਉਜਲੇ ਪਿਰ ਕੈ ਭਾਇ ਪਿਆਰਿ ॥ ਸੇਜ ਸੁਖਾਲੀ ਪਿਰੁ ਰਵੈ ਹਉਮੈ ਤ੍ਰਿਸਨਾ ਮਾਰਿ ॥੬॥ ਕਰਿ ਕਿਰਪਾ ਘਰਿ ਆਇਆ ਗੁਰ ਕੈ ਹੇਤਿ ਅਪਾਰਿ ॥ ਵਰੁ ਪਾਇਆ ਸੋਹਾਗਣੀ ਕੇਵਲ ਏਕੁ ਮੁਰਾਰਿ ॥੭॥ ਸਭੇ ਗੁਨਹ ਬਖਸਾਇ ਲਇਓਨੁ ਮੇਲੇ ਮੇਲਣਹਾਰਿ ॥ ਨਾਨਕ ਆਖਣੁ ਆਖੀਐ ਜੇ ਸੁਣਿ ਧਰੇ ਪਿਆਰੁ ॥੮॥੧੨॥੩੪॥ {ਪੰਨਾ 428}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਚਖਾਇਓਨੁ—ਉਸ (ਪ੍ਰਭੂ) ਨੇ ਚਖਾਇਆ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਵੇਪਰਵਾਹ—ਬੇ-ਮੁਥਾਜ। ਤਿਸ ਨੋ—{ਲਫ਼ਜ਼ 'ਤਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਤਮਾਇ—ਤਮ੍ਹਾ, ਲਾਲਚ।1।

ਸਚਾ—ਸਦਾ ਕਾਇਮ ਰਹਿਣ ਵਾਲਾ। ਗੁਰਮੁਖਾ ਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਮੂੰਹ ਵਿਚ। ਗਾਇ—ਗਾ ਕੇ।1। ਰਹਾਉ।

ਮਨਮੁਖਿ—ਆਪਣੇ ਮਨ ਦੇ ਪਿਛੇ ਤੁਰਨ ਵਾਲੀਆਂ। ਦਰਿ—ਹਰਿ-ਦਰ ਤੇ। ਪਿਰ—ਪਤੀ। ਸੁੋ—{ਅਸਲ ਲਫ਼ਜ਼ ਹੈ 'ਸੋ' ਇਥੇ ਪੜ੍ਹਨਾ ਹੈ 'ਸੁ'}।2।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ। ਜਮੈ—ਜੰਮੈ। ਇਤੁ ਲਾਹੈ—ਇਸ ਲਾਭ ਵਿਚ। ਲਾਇਅਨੁ—ਲਾਏ ਹਨ ਉਸ (ਪ੍ਰਭੂ) ਨੇ। ਦੇਇ—ਦੇਂਦਾ ਹੈ।3।

ਭੈ—ਡਰ-ਅਦਬ ਵਿਚ। ਰਾਵਹਿ—ਮਾਣਦੀਆਂ ਹਨ। ਉਰਧਾਰਿ—ਹਿਰਦੇ ਵਿਚ ਟਿਕਾ ਕੇ।4।

ਜਾਉ—ਜਾਉਂ, ਮੈਂ ਜਾਂਦਾ ਹਾਂ। ਬਲਿ—ਕੁਰਬਾਨ। ਵਿਟਹੁ—ਤੋਂ। ਸੰਗਿ—ਨਾਲ। ਆਪੁ—ਆਪਾ-ਭਾਵ।5।

ਉਜਲੇ—ਰੌਸ਼ਨ। ਭਾਇ—ਪ੍ਰੇਮ ਵਿਚ। ਪਿਆਰਿ—ਪਿਆਰ ਵਿਚ। ਸੇਜ—ਹਿਰਦਾ-ਸੇਜ। ਸੁਖਾਲੀ—ਸੁਖ-ਭਰੀ। ਮਾਰਿ—ਮਾਰ ਕੇ।6।

ਕਰਿ—ਕਰ ਕੇ। ਘਰਿ—ਘਰ ਵਿਚ। ਹੇਤਿ—ਪ੍ਰੇਮ ਦੀ ਰਾਹੀਂ। ਮੁਰਾਰਿ—{ਮੁਰ-ਅਰਿ। ਅਰਿ—ਵੈਰੀ। ਮੁਰ ਦਾ ਵੈਰੀ} ਪਰਮਾਤਮਾ।7।

ਲਇਓਨੁ—ਉਸ ਨੇ ਲਏ। ਮੇਲਣਹਾਰਿ—ਮਿਲਾਣ ਦੀ ਸਮਰਥਾ ਵਾਲੇ ਨੇ। ਆਖਣੁ—(ਉਹ) ਬੋਲ। ਸੁਣਿ—ਸੁਣ ਕੇ।8।

ਅਰਥ:- ਹੇ ਭਾਈ! ਸਦਾ-ਥਿਰ ਰਹਿਣ ਵਾਲਾ ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਹਰ ਥਾਂ) ਵਰ੍ਹ ਰਿਹਾ ਹੈ। ਪਰ ਇਹ ਪੈਂਦਾ ਹੈ ਉਹਨਾਂ ਮਨੁੱਖਾਂ ਦੇ ਮੂੰਹ ਵਿਚ ਜੋ ਗੁਰੂ ਦੇ ਸਨਮੁਖ ਰਹਿੰਦੇ ਹਨ। ਆਤਮਕ ਅਡੋਲਤਾ ਵਿਚ ਟਿਕ ਕੇ ਹਰੀ ਦੇ ਗੁਣ ਗਾ ਗਾ ਕੇ ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ।1। ਰਹਾਉ।

ਜਿਨ੍ਹਾਂ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਰਮਾਤਮਾ ਨੇ (ਗੁਰੂ ਦੀ ਰਾਹੀਂ) ਆਪ ਚਖਾਇਆ, ਉਹਨਾਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ ਉਸ ਦਾ ਸੁਆਦ ਆ ਗਿਆ (ਉਹਨਾਂ ਨੂੰ ਇਹ ਭੀ ਸਮਝ ਆ ਗਈ ਕਿ) ਉਹ ਸਦਾ-ਥਿਰ ਪ੍ਰਭੂ ਬੇ-ਮੁਥਾਜ ਹੈ ਉਸ ਨੂੰ ਰਤਾ ਭਰ ਭੀ (ਕਿਸੇ ਕਿਸਮ ਦਾ ਕੋਈ) ਲਾਲਚ ਨਹੀਂ ਹੈ।1।

(ਹੇ ਭਾਈ!) ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ ਜੀਵ-ਇਸਤ੍ਰੀਆਂ ਸਦਾ ਮੰਦ-ਭਾਗਣਾਂ ਰਹਿੰਦੀਆਂ ਹਨ ਉਹ ਪ੍ਰਭੂ ਦੇ ਦਰ ਤੇ ਖਲੋਤੀਆਂ (ਭੀ) ਵਿਲਕਦੀਆਂ ਹੀ ਹਨ। ਜਿਨ੍ਹਾਂ ਨੂੰ ਪ੍ਰਭੂ-ਪਤੀ ਦੇ ਮਿਲਾਪ ਦਾ ਕਦੇ ਸੁਆਦ ਨਹੀਂ ਆਇਆ ਉਹ ਉਹੀ ਮਨਮੁਖਤਾ ਵਾਲੇ ਕਰਮ ਕਮਾਂਦੀਆਂ ਰਹਿੰਦੀਆਂ ਹਨ ਜੋ ਧੁਰ ਦਰਗਾਹ ਤੋਂ ਉਹਨਾਂ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ ਉਹਨਾਂ ਦੇ ਮੱਥੇ ਤੇ ਲਿਖੇ ਪਏ ਹਨ।2।

ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ-ਥਿਰ ਹਰਿ-ਨਾਮ (ਆਪਣਾ ਹਿਰਦਾ-ਖੇਤ ਵਿਚ) ਬੀਜਦਾ ਹੈ ਇਹ ਨਾਮ ਹੀ ਉਥੇ ਹੀ ਉੱਗਦਾ ਹੈ, ਸਦਾ-ਥਿਰ ਨਾਮ ਨੂੰ ਹੀ ਉਹ ਆਪਣਾ ਵਣਜ-ਵਪਾਰ ਬਣਾਂਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਨੇ ਇਸ ਲਾਭਵੰਦੇ ਕੰਮ ਵਿਚ ਲਾਇਆ ਹੈ ਉਹਨਾਂ ਨੂੰ ਆਪਣੀ ਭਗਤੀ ਦੇ ਖ਼ਜ਼ਾਨੇ ਦੇ ਦੇਂਦਾ ਹੈ।3।

ਗੁਰੂ ਦੇ ਸਨਮੁਖ ਰਹਿਣ ਵਾਲੀਆਂ ਜੀਵ-ਇਸਤ੍ਰੀਆਂ ਸਦਾ ਚੰਗੇ ਭਾਗਾਂ ਵਾਲੀਆਂ ਹਨ, ਉਹ ਪ੍ਰਭੂ ਦੇ ਡਰ-ਅਦਬ ਵਿਚ ਰਹਿ ਕੇ ਪ੍ਰਭੂ ਦੀ ਭਗਤੀ ਦੀ ਰਾਹੀਂ ਆਪਣਾ ਆਤਮਕ ਜੀਵਨ ਸੋਹਣਾ ਬਣਾਂਦੀਆਂ ਹਨ, ਉਹ ਹਰ ਵੇਲੇ ਪ੍ਰਭੂ-ਪਤੀ ਦਾ ਮਿਲਾਪ ਮਾਣਦੀਆਂ ਹਨ, ਉਹ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਰੱਖਦੀਆਂ ਹਨ।4।

ਹੇ ਭਾਈ! ਮੈਂ ਕੁਰਬਾਨ ਜਾਂਦਾ ਹਾਂ ਉਹਨਾਂ ਤੋਂ ਜਿਨ੍ਹਾਂ ਨੇ ਪ੍ਰਭੂ-ਪਤੀ ਦੇ ਮਿਲਾਪ ਨੂੰ ਸਦਾ ਮਾਣਿਆ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜੀਆਂ ਰਹਿੰਦੀਆਂ ਹਨ।5।

ਪ੍ਰਭੂ-ਪਤੀ ਦੇ ਪ੍ਰੇਮ ਵਿਚ ਪਿਆਰ ਵਿਚ ਰਹਿਣ ਵਾਲੀਆਂ ਦਾ ਮਨ ਤੇ ਹਿਰਦਾ ਠੰਢਾ-ਠਾਰ ਰਹਿੰਦਾ ਹੈ ਉਹਨਾਂ ਦੇ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਜਾਂਦੇ ਹਨ। ਆਪਣੇ ਅੰਦਰੋਂ ਹਉਮੈ ਨੂੰ ਤ੍ਰਿਸ਼ਨਾ ਨੂੰ ਮਾਰ ਕੇ ਉਹਨਾਂ ਦੀ ਹਿਰਦਾ-ਸੇਜ ਸੁਖਦਾਈ ਹੋ ਜਾਂਦੀ ਹੈ, ਪ੍ਰਭੂ-ਪਤੀ (ਉਸ ਸੇਜ ਉਤੇ) ਸਦਾ ਟਿਕਿਆ ਰਹਿੰਦਾ ਹੈ।6।

ਗੁਰੂ ਦੀ ਅਪਾਰ ਮੇਹਰ ਦੀ ਬਰਕਤਿ ਨਾਲ ਪ੍ਰਭੂ ਕਿਰਪਾ ਕਰ ਕੇ ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਆ ਵੱਸਦਾ ਹੈ ਉਹ ਸੁਭਾਗਣ ਉਸ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ ਜੋ ਆਪਣੇ ਵਰਗਾ ਇਕ ਆਪ ਹੀ ਹੈ।7।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ, ਉਸ ਨੇ (ਪਿਛਲੇ ਕੀਤੇ ਆਪਣੇ) ਸਾਰੇ ਪਾਪ ਬਖ਼ਸ਼ਵਾ ਲਏ, ਮੇਲਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ ਨੇ ਉਸ ਨੂੰ ਆਪਣੇ ਚਰਨਾਂ ਵਿਚ ਮਿਲਾ ਲਿਆ।

ਹੇ ਨਾਨਕ! (ਆਖ—ਹੇ ਭਾਈ! ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ) ਬੋਲ ਹੀ ਬੋਲਣਾ ਚਾਹੀਦਾ ਹੈ ਜਿਸ ਨੂੰ ਸੁਣ ਕੇ ਉਹ ਪ੍ਰਭੂ (ਸਾਡੇ ਨਾਲ) ਪਿਆਰ ਕਰੇ।8।12। 34।